ੴ ਵਾਹਿਗੁਰੂ ਜੀ ਕੀ ਫਤਹ ॥

**ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ ਸਾਹਿਬ ਵੱਲੋਂ ਸੁਪਰੀਮ ਕੋਰਟ ਦੇ ਫੈਸਲੇ ਅਤੇ ਪੰਥਕ ਮੁੱਦਿਆਂ ਸਬੰਧੀ ਸੱਦੀ ਗਈ ਵਿਸ਼ੇਸ਼ ਪੰਥਕ ਇਕੱਤਰਤਾ ਮਿਤੀ 30 ਸਤੰਬਰ 2022 (14 ਅੱਸੂ ਸੰਮਤ ਨਾਨਕਸ਼ਾਹੀ 554) ਦੇ ਮਤਾ ਨੰਬਰ 06 ਦੀ ਨਕਲ :-**

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਮੂਹ ਮੈਂਬਰਾਂ ਦਾ ਅੱਜ ਦਾ ਇਹ ਇਕੱਠ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਜੀ ਨੂੰ ਅਪੀਲ ਕਰਦਾ ਹੈ ਕਿ ਉਹ ਸਾਰੀਆਂ ਸਿੱਖ ਸੰਪ੍ਰਦਾਵਾਂ, ਸਭਾ ਸੁਸਾਇਟੀਆਂ, ਗੁਰਮਤਿ ਟਕਸਾਲਾਂ, ਨਿਹੰਗ ਸਿੰਘ ਜਥੇਬੰਦੀਆਂ, ਸੇਵਾ ਪੰਥੀਆਂ, ਨਿਰਮਲਿਆਂ ਸਮੇਤ ਦੇਸ਼ ਵਿਦੇਸ਼ ਦੇ ਪ੍ਰਮੁੱਖ ਸਿੱਖਾਂ ਦੀ ਇਕ ਵਿਸ਼ੇਸ਼ ਬੈਠਕ ਬੁਲਾਉਣ ਅਤੇ ਇਸ ਸੰਜੀਦਾ ਮਸਲੇ 'ਤੇ ਮਿਲੀ ਰਾਇ ਮਗਰੋਂ ਪੰਜ ਸਿੰਘ ਸਾਹਿਬਾਨ ਦੀ ਇਕੱਤਰਤਾ 'ਚ ਫੈਸਲਾ ਲੈਣ।

---

ਦਫਤਰ:-**ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ,**

ਤੇਜਾ ਸਿੰਘ ਸਮੁੰਦਰੀ ਹਾਲ, ਸ੍ਰੀ ਅੰਮ੍ਰਿਤਸਰ।

ਨੰਬਰ ੨੨੦੮੫ ਮਿਤੀ 30-09-2022

ਉਤਾਰਾ:
1. ਸਕੱਤਰ ਜੀ ( ), ਸ਼੍ਰੋਮਣੀ ਗੁ:ਪ੍ਰ:ਕਮੇਟੀ।
2. ਓ.ਐਸ.ਡੀ. ਜੀ (ਪ੍ਰਧਾਨ ਸਾਹਿਬ) ਸ਼੍ਰੋਮਣੀ ਗੁ:ਪ੍ਰ:ਕਮੇਟੀ।, ਸ਼੍ਰੋਮਣੀ ਗੁ:ਪ੍ਰ:ਕਮੇਟੀ।
3. ਇੰਚਾਰਜ ਜੀ, ਸਕੱਤਰੇਤ ਸ੍ਰੀ ਅਕਾਲ ਤਖ਼ਤ ਸਾਹਿਬ, ਸ੍ਰੀ ਅੰਮ੍ਰਿਤਸਰ ਸਾਹਿਬ।

ਸਕੱਤਰ,
ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ,
ਸ੍ਰੀ ਅੰਮ੍ਰਿਤਸਰ ਸਾਹਿਬ।

ੴ ਵਾਹਿਗੁਰੂ ਜੀ ਕੀ ਫਤਹ ॥

**ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ ਸਾਹਿਬ ਵੱਲੋਂ ਸੁਪਰੀਮ ਕੋਰਟ ਦੇ ਫੈਸਲੇ ਅਤੇ ਪੰਥਕ ਮੁੱਦਿਆਂ ਸਬੰਧੀ ਸੱਦੀ ਗਈ ਵਿਸ਼ੇਸ਼ ਪੰਥਕ ਇਕੱਤਰਤਾ ਮਿਤੀ 30 ਸਤੰਬਰ 2022 (14 ਅੱਸੂ ਸੰਮਤ ਨਾਨਕਸ਼ਾਹੀ 554) ਦੇ ਮਤਾ ਨੰਬਰ 05 ਦੀ ਨਕਲ :-**

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਮੂਹ ਮੈਂਬਰਾਂ ਦਾ ਅੱਜ ਦਾ ਇਹ ਇਕੱਠ ਹਰਿਆਣਾ ਸਿੱਖ ਗੁਰਦੁਆਰਾ ਐਕਟ 2014 ਨੂੰ ਸੁਪਰੀਮ ਕੋਰਟ ਵੱਲੋਂ ਮਾਨਤਾ ਦੇਣ ਵਿਰੁੱਧ ਤੇ ਸਿੱਖ ਵਿਰੋਧੀ ਸ਼ਕਤੀਆਂ ਦੀਆਂ ਚਾਲਾਂ ਖਿਲਾਫ਼ 4 ਅਕਤੂਬਰ 2022 ਨੂੰ ਸ੍ਰੀ ਦਰਬਾਰ ਸਾਹਿਬ ਤੋਂ ਅੰਮ੍ਰਿਤਸਰ ਦੇ ਡਿਪਟੀ ਕਮਿਸ਼ਨਰ ਦੇ ਦਫ਼ਤਰ ਤੱਕ ਰੋਸ ਮਾਰਚ ਕਰਨ ਦਾ ਫੈਸਲਾ ਕਰਦਾ ਹੈ। ਇਸ ਦੌਰਾਨ ਡਿਪਟੀ ਕਮਿਸ਼ਨਰ ਨੂੰ ਮੈਮੋਰੰਡਮ ਸੌਂਪਿਆ ਜਾਵੇਗਾ। ਇਸ ਮੰਗ ਪੱਤਰ ਵਿਚ ਸ਼੍ਰੋਮਣੀ ਗੁ: ਪ੍ਰ: ਕਮੇਟੀ ਨੂੰ ਤੋੜਨ ਲਈ ਆਰ.ਐਸ.ਐਸ, ਕਾਂਗਰਸ, ਭਾਜਪਾ ਤੇ ਆਮ ਆਦਮੀ ਪਾਰਟੀ ਦੀਆਂ ਚਾਲਾਂ ਨੂੰ ਨਸ਼ਰ ਕੀਤਾ ਜਾਵੇਗਾ। ਸਪੱਸ਼ਟ ਹੋ ਚੁੱਕਾ ਹੈ ਕਿ ਇਹ ਸਾਰੀਆਂ ਧਿਰਾਂ ਰਲ ਕੇ ਆਰ.ਐਸ.ਐਸ ਦੇ ਇਸ਼ਾਰੇ 'ਤੇ ਕੰਮ ਕਰ ਰਹੀਆਂ ਹਨ। ਹਾਲ ਹੀ ਵਿਚ ਆਰ.ਐਸ.ਐਸ ਮੁਖੀ ਵੱਲੋਂ ਇਹ ਕਹਿਣਾ ਕਿ ਇਸ ਦੇਸ਼ ਦਾ ਹਰ ਨਾਗਰਿਕ ਧਰਮ ਤਬਦੀਲ ਕੀਤੇ ਬਿਨਾਂ ਹੀ ਹਿੰਦੂ ਹੈ, ਘੱਟਗਿਣਤੀਆਂ ਨੂੰ ਵੱਡੀ ਚੁਣੌਤੀ ਹੈ। ਸਿੱਖ ਸੰਸਥਾ ਸ਼੍ਰੋਮਣੀ ਗੁ:ਪ੍ਰ:ਕਮੇਟੀ ਇਨ੍ਹਾਂ ਚਾਲਾਂ ਨੂੰ ਕਦੇ ਵੀ ਸਫ਼ਲ ਨਹੀਂ ਹੋਣ ਦੇਵੇਗੀ।

ਇਸ ਦੇ ਨਾਲ ਹੀ ਅੱਜ ਦਾ ਇਕੱਠ ਇਹ ਵੀ ਫੈਸਲਾ ਕਰਦਾ ਹੈ ਕਿ ਸਿੱਖ ਵਿਰੋਧੀ ਫੈਸਲੇ ਪ੍ਰਤੀ ਸੰਗਤ ਵਿਚ ਚੇਤਨਾ ਫੈਲਾਉਣ ਲਈ 7 ਅਕਤੂਬਰ 2022 ਨੂੰ ਤਖ਼ਤ ਸ੍ਰੀ ਦਮਦਮਾ ਸਾਹਿਬ ਤਲਵੰਡੀ ਸਾਬੋ (ਬਠਿੰਡਾ) ਅਤੇ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਸ੍ਰੀ ਅਨੰਦਪੁਰ ਸਾਹਿਬ ਤੋਂ ਸ੍ਰੀ ਅਕਾਲ ਤਖ਼ਤ ਸਾਹਿਬ ਤੱਕ ਮਾਰਚ ਆਯੋਜਤ ਕੀਤੇ ਜਾਣਗੇ।

ਹਰਿਆਣਾ ਦੀਆਂ ਸੰਗਤਾਂ ਦੇ ਸਹਿਯੋਗ ਨਾਲ ਹਰਿਆਣਾ ਸਰਕਾਰ ਵੱਲੋਂ ਸ਼੍ਰੋਮਣੀ ਗੁ:ਪ੍ਰ:ਕਮੇਟੀ ਤੋੜਨ ਦੇ ਵਿਰੋਧ ਵਿਚ ਮੁੱਖ ਮੰਤਰੀ ਸ੍ਰੀ ਮਨੋਹਰ ਲਾਲ ਖੱਟਰ ਦੇ ਘਿਰਾਉ ਦਾ ਪ੍ਰੋਗਰਾਮ ਉਲੀਕਿਆ ਜਾਵੇਗਾ।

ਇਸ ਤੋਂ ਇਲਾਵਾ ਪੰਜਾਬ ਤੇ ਹਰਿਆਣਾ ਦੇ ਸਮੂਹ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੈਂਬਰ ਸਾਹਿਬਾਨ ਦਿੱਲੀ ਵਿਖੇ ਵੀ ਧਰਨਾ ਪ੍ਰਦਰਸ਼ਨ ਕਰਨਗੇ ਅਤੇ ਜੇਕਰ ਸਰਕਾਰਾਂ ਦੇ ਕੰਨ ਨਾ ਖੁੱਲ੍ਹੇ ਤਾਂ ਦਿੱਲੀ ਵਿਖੇ ਕਰੜੇ ਸੰਘਰਸ਼ ਦਾ ਪ੍ਰੋਗਰਾਮ ਉਲੀਕਿਆ ਜਾਵੇਗਾ।

---

ਦਫਤਰ:-**ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ,**

ਤੇਜਾ ਸਿੰਘ ਸਮੁੰਦਰੀ ਹਾਲ, ਸ੍ਰੀ ਅੰਮ੍ਰਿਤਸਰ।

ਨੰਬਰ ੨੨੦੮। ਮਿਤੀ ੩੦-੦੯-2022

ਉਤਾਰਾ:
1. ਸਕੱਤਰ ਜੀ ( ), ਸ਼੍ਰੋਮਣੀ ਗੁ:ਪ੍ਰ:ਕਮੇਟੀ।
2. ਓ.ਐਸ.ਡੀ. ਜੀ (ਪ੍ਰਧਾਨ ਸਾਹਿਬ) ਸ਼੍ਰੋਮਣੀ ਗੁ:ਪ੍ਰ:ਕਮੇਟੀ।, ਸ਼੍ਰੋਮਣੀ ਗੁ:ਪ੍ਰ:ਕਮੇਟੀ।
3. ਮੈਨੇਜਰ ਜੀ, ਸੱਚਖੰਡ ਸ੍ਰੀ ਹਰਿਮੰਦਰ ਸਾਹਿਬ, ਸ੍ਰੀ ਦਰਬਾਰ ਸਾਹਿਬ, ਸ੍ਰੀ ਅੰਮ੍ਰਿਤਸਰ ਸਾਹਿਬ।
4. ਮੈਨੇਜਰ ਜੀ, ਤਖ਼ਤ ਸ੍ਰੀ ਕੇਸਗੜ੍ਹ ਸਾਹਿਬ, ਸ੍ਰੀ ਅਨੰਦਪੁਰ ਸਾਹਿਬ।
5. ਮੈਨੇਜਰ ਜੀ, ਤਖ਼ਤ ਸ੍ਰੀ ਦਮਦਮਾ ਸਾਹਿਬ, ਤਲਵੰਡੀ ਸਾਬੋ (ਬਠਿੰਡਾ)।

ਸਕੱਤਰ,
ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ,
ਸ੍ਰੀ ਅੰਮ੍ਰਿਤਸਰ ਸਾਹਿਬ।

ੴ ਵਾਹਿਗੁਰੂ ਜੀ ਕੀ ਫਤਹ ॥

**ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ ਸਾਹਿਬ ਵੱਲੋਂ ਸੁਪਰੀਮ ਕੋਰਟ ਦੇ ਫੈਸਲੇ ਅਤੇ ਪੰਥਕ ਮੁੱਦਿਆਂ ਸਬੰਧੀ ਸੱਦੀ ਗਈ ਵਿਸ਼ੇਸ਼ ਪੰਥਕ ਇਕੱਤਰਤਾ ਮਿਤੀ 30 ਸਤੰਬਰ 2022 (14 ਅੱਸੂ ਸੰਮਤ ਨਾਨਕਸ਼ਾਹੀ 554) ਦੇ ਮਤਾ ਨੰਬਰ 04 ਦੀ ਨਕਲ :-**

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਮੂਹ ਮੈਂਬਰਾਂ ਦਾ ਅੱਜ ਦਾ ਇਹ ਇਕੱਠ ਭਾਰਤ ਦੇ ਗ੍ਰਹਿ ਮੰਤਰੀ ਸ੍ਰੀ ਅਮਿਤ ਸ਼ਾਹ ਪਾਸੋਂ ਮੰਗ ਕਰਦਾ ਹੈ ਕਿ ਸਿੱਖ ਗੁਰਦੁਆਰਾ ਐਕਟ 1925 ਵਿਚ ਦਖ਼ਲ ਦੇਣ ਵਾਲੇ ਹਰਿਆਣਾ ਸਿੱਖ ਗੁਰਦੁਆਰਾ ਮੈਨੇਜਮੈਂਟ ਐਕਟ 2014 ਨੂੰ ਰੱਦ ਕਰਨ ਲਈ ਸੰਸਦ ਅੰਦਰ ਆਰਡੀਨੈਂਸ ਲਿਆਂਦਾ ਜਾਵੇ। ਇਸ ਦੇ ਨਾਲ ਹੀ ਭਾਰਤ ਸਰਕਾਰ ਤਰਫੋਂ ਵੀ ਸੁਪਰੀਮ ਕੋਰਟ ਅੰਦਰ ਨਜ਼ਰਸਾਨੀ ਪਟੀਸ਼ਨ ਦਾਇਰ ਕੀਤੀ ਜਾਵੇ, ਤਾਂ ਜੋ ਸਿੱਖਾਂ ਦਾ ਨਿਆਂ ਪ੍ਰਣਾਲੀ 'ਤੇ ਭਰੋਸਾ ਬਣਿਆ ਰਹੇ। ਪੰਥਕ ਇਕੱਠ ਇਹ ਵੀ ਮੰਗ ਕਰਦਾ ਹੈ ਕਿ ਆਲ ਇੰਡੀਆ ਸਿੱਖ ਗੁਰਦੁਆਰਾ ਐਕਟ ਦੀ ਸਥਾਪਨਾ ਲਈ ਕਾਰਵਾਈ ਅੱਗੇ ਵਧਾਈ ਜਾਵੇ।

---

ਦਫਤਰ:-**ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ,**

**********************************************

ਤੇਜਾ ਸਿੰਘ ਸਮੁੰਦਰੀ ਹਾਲ, ਸ੍ਰੀ ਅੰਮ੍ਰਿਤਸਰ।

ਨੰਬਰ ੨੨੦੮੦ ਮਿਤੀ 30-09-2022

ਉਤਾਰਾ:
1. ਸ੍ਰੀ ਅਮਿਤ ਸ਼ਾਹ ਜੀ, ਗ੍ਰਹਿ ਮੰਤਰੀ, ਭਾਰਤ ਸਰਕਾਰ, ਨਵੀਂ ਦਿੱਲੀ।
2. ਸਕੱਤਰ ਜੀ (                    ), ਸ਼੍ਰੋਮਣੀ ਗੁ:ਪ੍ਰ:ਕਮੇਟੀ।
3. ਓ.ਐਸ.ਡੀ. ਜੀ (ਪ੍ਰਧਾਨ ਸਾਹਿਬ) ਸ਼੍ਰੋਮਣੀ ਗੁ:ਪ੍ਰ:ਕਮੇਟੀ।, ਸ਼੍ਰੋਮਣੀ ਗੁ:ਪ੍ਰ:ਕਮੇਟੀ।

ਸਕੱਤਰ,
ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ,
ਸ੍ਰੀ ਅੰਮ੍ਰਿਤਸਰ ਸਾਹਿਬ।

ੴ ਵਾਹਿਗੁਰੂ ਜੀ ਕੀ ਫਤਹ ॥

**ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ ਸਾਹਿਬ ਵੱਲੋਂ ਸੁਪਰੀਮ ਕੋਰਟ ਦੇ ਫੈਸਲੇ ਅਤੇ ਪੰਥਕ ਮੁੱਦਿਆਂ ਸਬੰਧੀ ਸੱਦੀ ਗਈ ਵਿਸ਼ੇਸ਼ ਪੰਥਕ ਇਕੱਤਰਤਾ ਮਿਤੀ 30 ਸਤੰਬਰ 2022 (14 ਅੱਸੂ ਸੰਮਤ ਨਾਨਕਸ਼ਾਹੀ 554) ਦੇ ਮਤਾ ਨੰਬਰ 03 ਦੀ ਨਕਲ :-**

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਮੂਹ ਮੈਂਬਰਾਂ ਦਾ ਅੱਜ ਦਾ ਇਹ ਇਕੱਠ ਭਾਰਤ ਦੀ ਸੁਪਰੀਮ ਕੋਰਟ ਚੀਫ ਜਸਟਿਸ ਸ੍ਰੀ ਯੂ.ਯੂ. ਲਲਿਤ ਪਾਸੋਂ ਮੰਗ ਕਰਦਾ ਹੈ ਕਿ ਹਰਿਆਣਾ ਸਿੱਖ ਗੁਰਦੁਆਰਾ ਮੈਨੇਜਮੈਂਟ ਐਕਟ 2014 ਨੂੰ ਸੁਪਰੀਮ ਕੋਰਟ ਵੱਲੋਂ ਮਾਨਤਾ ਦਾ ਫੈਸਲਾ ਸਿਆਸਤ ਤੋਂ ਪ੍ਰੇਰਿਤ ਹੈ, ਇਸ 'ਤੇ ਮੁੜ ਵਿਚਾਰ ਲਈ ਹੁਕਮ ਜਾਰੀ ਕੀਤੇ ਜਾਣ। ਪੰਥਕ ਇਕੱਠ ਮਹਿਸੂਸ ਕਰਦਾ ਹੈ ਕਿ ਸਿੱਖਾਂ ਵੱਲੋਂ 1920 ਵਿਚ ਲਹੂ-ਮਿੱਝ ਨਾਲ ਸਥਾਪਤ ਕੀਤੀ ਗਈ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਦੇਸ਼ ਦੀ ਆਜ਼ਾਦੀ ਦਾ ਮੁੱਢ ਬੰਨ੍ਹਿਆ। ਪਰੰਤੂ ਅੱਜ ਕੁਝ ਸ਼ਕਤੀਆਂ ਇਸ ਨੂੰ ਤੋੜਨ ਦੇ ਮਨਸੂਬੇ ਬਣਾ ਰਹੀਆਂ ਹਨ। ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਐਕਟ 2014 ਬਿਲਕੁਲ ਗੈਰ-ਸੰਵਿਧਾਨਕ ਹੈ, ਜੋ ਸਿੱਖ ਗੁਰਦੁਆਰਾ ਐਕਟ 1925 ਵਿਚ ਸਿੱਧਾ ਦਖ਼ਲ ਹੈ।

ਅੱਜ ਦੀ ਵਿਸ਼ੇਸ਼ ਇਕੱਤਰਤਾ ਭਾਰਤ ਦੀ ਸੁਪਰੀਮ ਕੋਰਟ ਦੇ ਚੀਫ ਜਸਟਿਸ ਪਾਸੋਂ ਮੰਗ ਕਰਦੀ ਹੈ ਕਿ ਸੁਪਰੀਮ ਕੋਰਟ ਦਾ ਵੱਖਰੀ ਹਰਿਆਣਾ ਕਮੇਟੀ ਸਬੰਧੀ ਫੈਸਲਾ 5 ਮੈਂਬਰੀ ਸੰਵਿਧਾਨਕ ਬੈਂਚ ਨੂੰ ਦੇ ਕੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦਾ ਪੱਖ ਸੁਣਿਆ ਜਾਵੇ, ਕਿਉਂਕਿ ਇਸ ਤੋਂ ਪਹਿਲਾਂ ਦੋ ਮੈਂਬਰੀ ਪੈਨਲ ਦੇ ਫੈਸਲੇ ਵਿਚ ਸ਼੍ਰੋਮਣੀ ਗੁ:ਪ੍ਰ: ਕਮੇਟੀ ਦੇ ਪੱਖ ਨੂੰ ਅਣਗੌਲਿਆ ਗਿਆ ਹੈ।

---

ਦਫਤਰ:-**ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ,**

*******************************************

ਤੇਜਾ ਸਿੰਘ ਸਮੁੰਦਰੀ ਹਾਲ, ਸ੍ਰੀ ਅੰਮ੍ਰਿਤਸਰ।

ਨੰਬਰ 22079

ਮਿਤੀ 30-9-2022

ਉਤਾਰਾ:
1. ਚੀਫ ਜਸਟਿਸ ਜੀ, ਮਾਨਯੋਗ ਸੁਪਰੀਮ ਕੋਰਟ ਆਫ ਇੰਡੀਆ, ਨਵੀਂ ਦਿੱਲੀ।
2. ਸਕੱਤਰ ਜੀ (                    ), ਸ਼੍ਰੋਮਣੀ ਗੁ:ਪ੍ਰ:ਕਮੇਟੀ।
3. ਓ.ਐਸ.ਡੀ. ਜੀ (ਪ੍ਰਧਾਨ ਸਾਹਿਬ) ਸ਼੍ਰੋਮਣੀ ਗੁ:ਪ੍ਰ:ਕਮੇਟੀ।, ਸ਼੍ਰੋਮਣੀ ਗੁ:ਪ੍ਰ:ਕਮੇਟੀ।

ਸਕੱਤਰ,
ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ,
ਸ੍ਰੀ ਅੰਮ੍ਰਿਤਸਰ ਸਾਹਿਬ।

ੴ ਵਾਹਿਗੁਰੂ ਜੀ ਕੀ ਫਤਹ ॥

**ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ ਸਾਹਿਬ ਵੱਲੋਂ ਸੁਪਰੀਮ ਕੋਰਟ ਦੇ ਫੈਸਲੇ ਅਤੇ ਪੰਥਕ ਮੁੱਦਿਆਂ ਸਬੰਧੀ ਸੱਦੀ ਗਈ ਵਿਸ਼ੇਸ਼ ਪੰਥਕ ਇਕੱਤਰਤਾ ਮਿਤੀ 30 ਸਤੰਬਰ 2022 (14 ਅੱਸੂ ਸੰਮਤ ਨਾਨਕਸ਼ਾਹੀ 554) ਦੇ ਮਤਾ ਨੰਬਰ 02 ਦੀ ਨਕਲ :-**

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੈਂਬਰਾਂ ਦਾ ਅੱਜ ਦਾ ਇਹ ਇਕੱਠ ਮਹਿਸੂਸ ਕਰਦਾ ਹੈ ਕਿ ਵੱਡੀਆਂ ਕੁਰਬਾਨੀਆਂ ਤੋਂ ਬਾਅਦ ਹੋਂਦ ਵਿਚ ਆਈ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੂੰ ਤੋੜਨ ਲਈ ਸਿੱਖ ਵਿਰੋਧੀ ਸ਼ਕਤੀਆਂ ਇਕਜੁਟ ਹੋ ਕੇ ਕੰਮ ਕਰ ਰਹੀਆਂ ਹਨ। ਕਾਂਗਰਸ ਜਮਾਤ ਤਾਂ ਮੁੱਢ ਤੋਂ ਹੀ ਸਿੱਖ ਵਿਰੋਧੀ ਰਹੀ ਹੈ ਪਰੰਤੂ ਦੁੱਖ ਦੀ ਗੱਲ ਹੈ ਕਿ ਭਾਰਤੀ ਜਨਤਾ ਪਾਰਟੀ ਅਤੇ ਉਸ ਨੂੰ ਚਲਾਉਣ ਵਾਲੀ ਆਰ.ਐਸ.ਐਸ ਵੀ ਕਾਂਗਰਸ ਦੇ ਨਕਸ਼ੇ ਕਦਮਾਂ 'ਤੇ ਚੱਲ ਰਹੀਆਂ ਹਨ। ਸਾਹਮਣੇ ਆ ਰਿਹਾ ਹੈ ਕਿ ਹਰਿਆਣਾ ਸਿੱਖ ਗੁਰਦੁਆਰਾ ਮੈਨੇਜਮੈਂਟ ਐਕਟ 2014 ਨੂੰ ਸੁਪਰੀਮ ਕੋਰਟ ਵੱਲੋਂ ਮਾਨਤਾ ਆਰ.ਐਸ.ਐਸ ਦੀ ਸ਼ਹਿ 'ਤੇ ਦਿੱਤੀ ਗਈ ਹੈ। ਜੇਕਰ ਵੱਖਰੀ ਹਰਿਆਣਾ ਕਮੇਟੀ ਦੀ ਸਥਾਪਨਾ ਲਈ ਹਰਿਆਣਾ ਦੀ ਤਤਕਾਲੀ ਕਾਂਗਰਸ ਸਰਕਾਰ ਨੇ ਬੀਜ ਬੀਜਿਆ ਸੀ ਤਾਂ ਇਸ ਨੂੰ ਪਾਣੀ ਭਾਰਤੀ ਜਨਤਾ ਪਾਰਟੀ ਦੀ ਸਰਕਾਰ ਨੇ ਪਾਇਆ ਹੈ। ਇਸ ਤੋਂ ਸਪੱਸ਼ਟ ਹੁੰਦਾ ਹੈ ਕਿ ਭਾਵੇਂ ਕਾਂਗਰਸ ਅਤੇ ਭਾਜਪਾ ਦੀ ਰਾਜਸੀ ਵਿਚਾਰਧਾਰਾ ਵੱਖੋ-ਵੱਖ ਹੈ, ਪਰੰਤੂ ਸਿੱਖ ਸ਼ਕਤੀ ਨੂੰ ਕਮਜ਼ੋਰ ਕਰਨ ਲਈ ਦੋਹਾਂ ਨੇ ਇਕਸੁਰ ਹੋ ਕੇ ਕੰਮ ਕੀਤਾ ਹੈ। ਇਸ ਦੇ ਨਾਲ ਹੀ ਪੰਜਾਬ ਦੀ ਕੈਪਟਨ ਅਮਰਿੰਦਰ ਸਿੰਘ ਦੀ ਅਗਵਾਈ ਵਾਲੀ ਕਾਂਗਰਸ ਸਰਕਾਰ ਤੇ ਮੌਜੂਦਾ ਆਮ ਆਦਮੀ ਪਾਰਟੀ ਦੀ ਪੰਜਾਬ ਸਰਕਾਰ ਨੇ ਵੀ ਸੁਪਰੀਮ ਕੋਰਟ ਅੰਦਰ ਹਰਿਆਣਾ ਕਮੇਟੀ ਦੇ ਹੱਕ ਵਿਚ ਭੁਗਤ ਕੇ ਸਿੱਖ ਵਿਰੋਧੀ ਹੋਣ ਦਾ ਸਬੂਤ ਦਿੱਤਾ ਹੈ।

ਅੱਜ ਦਾ ਇਕੱਠ ਸਿੱਖ ਵਿਰੋਧੀ ਸ਼ਕਤੀਆਂ ਨੂੰ ਚੇਤਾਵਨੀ ਦਿੰਦਾ ਹੈ ਕਿ ਉਹ ਸਿੱਖ ਮਾਮਲਿਆਂ ਵਿਚ ਦਖ਼ਲ ਨਾ ਦੇਣ। ਸਿੱਖ ਜਗਤ ਨੂੰ ਵੀ ਅਪੀਲ ਹੈ ਕਿ ਉਹ ਅਜਿਹੀਆਂ ਸਿੱਖ ਵਿਰੋਧੀ ਤਾਕਤਾਂ ਦੇ ਨਾਲ ਨਾਲ ਇਨ੍ਹਾਂ ਦੇ ਹੱਥਾਂ ਵਿੱਚ ਖੇਡਣ ਵਾਲੇ ਸਿੱਖ ਚਿਹਰਿਆਂ ਤੋਂ ਵੀ ਸੁਚੇਤ ਰਹਿਣ।

---

ਦਫਤਰ:-**ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ,**

*********************************************

ਤੇਜਾ ਸਿੰਘ ਸਮੁੰਦਰੀ ਹਾਲ, ਸ੍ਰੀ ਅੰਮ੍ਰਿਤਸਰ।

ਨੰਬਰ 22078 ਮਿਤੀ 30-09-2022

ਉਤਾਰਾ:
1. ਸ੍ਰੀ ਨਰਿੰਦਰ ਮੋਦੀ ਜੀ, ਪ੍ਰਧਾਨ ਮੰਤਰੀ, ਭਾਰਤ ਸਰਕਾਰ, ਨਵੀਂ ਦਿੱਲੀ।
2. ਸ੍ਰੀ ਅਮਿਤ ਸ਼ਾਹ ਜੀ, ਗ੍ਰਹਿ ਮੰਤਰੀ, ਭਾਰਤ ਸਰਕਾਰ, ਨਵੀਂ ਦਿੱਲੀ।
3. ਸ੍ਰੀ ਮਨੋਹਰ ਲਾਲ ਜੀ ਖੱਟਰ, ਮੁੱਖ ਮੰਤਰੀ ਹਰਿਆਣਾ।
4. ਸ੍ਰ. ਭਗਵੰਤ ਸਿੰਘ ਜੀ ਮੁੱਖ ਮੰਤਰੀ, ਪੰਜਾਬ।
5. ਸਕੱਤਰ ਜੀ (            ), ਸ਼੍ਰੋਮਣੀ ਗੁ:ਪ੍ਰ:ਕਮੇਟੀ।
6. ਓ.ਐਸ.ਡੀ. ਜੀ (ਪ੍ਰਧਾਨ ਸਾਹਿਬ) ਸ਼੍ਰੋਮਣੀ ਗੁ:ਪ੍ਰ:ਕਮੇਟੀ।, ਸ਼੍ਰੋਮਣੀ ਗੁ:ਪ੍ਰ:ਕਮੇਟੀ।

ਸਕੱਤਰ,
ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ,
ਸ੍ਰੀ ਅੰਮ੍ਰਿਤਸਰ ਸਾਹਿਬ।

ੴ ਵਾਹਿਗੁਰੂ ਜੀ ਕੀ ਫਤਹ ॥

**ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ ਸਾਹਿਬ ਵੱਲੋਂ ਸੁਪਰੀਮ ਕੋਰਟ ਦੇ ਫੈਸਲੇ ਅਤੇ ਪੰਥਕ ਮੁੱਦਿਆਂ ਸਬੰਧੀ ਸੱਦੀ ਗਈ ਵਿਸ਼ੇਸ਼ ਪੰਥਕ ਇਕੱਤਰਤਾ ਮਿਤੀ 30 ਸਤੰਬਰ 2022 (14 ਅੱਸੂ ਸੰਮਤ ਨਾਨਕਸ਼ਾਹੀ 554) ਦੇ ਮਤਾ ਨੰਬਰ 01 ਦੀ ਨਕਲ :-**

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਮੂਹ ਮੈਂਬਰਾਂ ਦਾ ਅੱਜ ਦਾ ਇਹ ਇਕੱਠ ਸ਼੍ਰੋਮਣੀ ਗੁ:ਪ੍ਰ:ਕਮੇਟੀ ਦੀ ਅੰਤ੍ਰਿੰਗ ਕਮੇਟੀ ਦੀ ਇਕੱਤਰਤਾ (ਮਿਤੀ 23 ਸਤੰਬਰ 2022) ਵੱਲੋਂ ਹਰਿਆਣਾ ਸਿੱਖ ਗੁਰਦੁਆਰਾ ਕਮੇਟੀ ਦੇ ਸਬੰਧ ਵਿਚ ਸੁਪਰੀਮ ਕੋਰਟ ਦਾ ਫੈਸਲਾ ਰੱਦ ਕਰਨ ਸਬੰਧੀ ਪਾਸ ਕੀਤੇ ਮਤੇ ਦੀ ਪ੍ਰੋੜ੍ਹਤਾ ਕਰਦਾ ਹੈ। ਵੱਖਰੀ ਹਰਿਆਣਾ ਸਿੱਖ ਗੁਰਦੁਆਰਾ ਕਮੇਟੀ ਸਥਾਪਤ ਕਰਨ ਦੀ ਕੋਸ਼ਿਸ਼ ਸਿੱਖ ਸ਼ਕਤੀ ਨੂੰ ਕਮਜ਼ੋਰ ਕਰਨ ਦਾ ਕੋਝਾ ਯਤਨ ਹੈ, ਜਿਸ ਨੂੰ ਕਦੇ ਵੀ ਕਾਮਯਾਬ ਨਹੀਂ ਹੋਣ ਦਿੱਤਾ ਜਾਵੇਗਾ। ਇਸ ਸਬੰਧੀ ਹਰ ਪੱਧਰ 'ਤੇ ਵਿਰੋਧ ਕੀਤਾ ਜਾਵੇਗਾ ਅਤੇ ਸਮੁੱਚੇ ਖ਼ਾਲਸਾ ਪੰਥ ਵੱਲੋਂ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਅਗਵਾਈ ਵਿਚ ਇਕਜੁਟ ਹੋ ਕੇ ਸੰਘਰਸ਼ ਲੜਿਆ ਜਾਵੇਗਾ।

---

ਦਫਤਰ:-**ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ,**

**************************************************

ਤੇਜਾ ਸਿੰਘ ਸਮੁੰਦਰੀ ਹਾਲ, ਸ੍ਰੀ ਅੰਮ੍ਰਿਤਸਰ।

ਨੰਬਰ ੩੨੦੭੭ ਮਿਤੀ ੩੦-੧੧-2022

ਉਤਾਰਾ:
1. ਸ੍ਰੀ ਨਰਿੰਦਰ ਮੋਦੀ ਜੀ, ਪ੍ਰਧਾਨ ਮੰਤਰੀ, ਭਾਰਤ ਸਰਕਾਰ, ਨਵੀਂ ਦਿੱਲੀ।
2. ਸ੍ਰੀ ਅਮਿਤ ਸ਼ਾਹ ਜੀ, ਗ੍ਰਹਿ ਮੰਤਰੀ, ਭਾਰਤ ਸਰਕਾਰ, ਨਵੀਂ ਦਿੱਲੀ।
3. ਸ੍ਰੀ ਮਨੋਹਰ ਲਾਲ ਜੀ ਖੱਟੜ, ਮੁੱਖ ਮੰਤਰੀ ਹਰਿਆਣਾ।
4. ਸ੍ਰ. ਭਗਵੰਤ ਸਿੰਘ ਜੀ ਮੁੱਖ ਮੰਤਰੀ, ਪੰਜਾਬ।
5. ਸਕੱਤਰ ਜੀ ( ), ਸ਼੍ਰੋਮਣੀ ਗੁ:ਪ੍ਰ:ਕਮੇਟੀ।
6. ਓ.ਐਸ.ਡੀ. ਜੀ (ਪ੍ਰਧਾਨ ਸਾਹਿਬ) ਸ਼੍ਰੋਮਣੀ ਗੁ:ਪ੍ਰ:ਕਮੇਟੀ।, ਸ਼੍ਰੋਮਣੀ ਗੁ:ਪ੍ਰ:ਕਮੇਟੀ।

ਸਕੱਤਰ,
ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ,
ਸ੍ਰੀ ਅੰਮ੍ਰਿਤਸਰ ਸਾਹਿਬ।